**ਪ੍ਰਧਾਨ ਮੰਤਰੀ ਨੇ ਕੁਵੈਤ ਦੇ ਮਹਾਮਹਿਮ ਅਮੀਰ ਦੇ ਮੁੱਖ ਮਹਿਮਾਨ ਦੇ ਰੂਪ ਵਿੱਚ ਅਰੇਬੀਅਨ ਗਲਫ ਕੱਪ ਵਿੱਚ ਹਿੱਸਾ ਲਿਆ**

21 ਦਸੰਬਰ, 2024

ਕੁਵੈਤ ਦੇ ਅਮੀਰ, ਮਹਾਮਹਿਮ ਸ਼ੇਖ ਮੇਸ਼ਾਲ ਅਲ-ਅਹਿਮਦ ਅਲ-ਜਬਰ ਅਲ-ਸਬਾਹ  ਦੇ ਸੱਦੇ 'ਤੇ, ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਕੁਵੈਤ ਵਿੱਚ 26ਵੇਂ ਅਰੇਬੀਅਨ ਗਲਫ ਕੱਪ ਦੇ ਉਦਘਾਟਨ ਸਮਾਰੋਹ ਵਿੱਚ ਉਹਨਾਂ ਦੇ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਏ। ਪ੍ਰਧਾਨ ਮੰਤਰੀ ਮੋਦੀ ਨੇ ਕੁਵੈਤ ਦੇ ਮਹਾਮਹਿਮ ਅਮੀਰ, ਮਹਾਮਹਿਮ ਕ੍ਰਾਊਨ ਪ੍ਰਿੰਸ ਅਤੇ ਮਹਾਮਹਿਮ ਪ੍ਰਧਾਨ ਮੰਤਰੀ ਦੇ ਨਾਲ ਸ਼ਾਨਦਾਰ ਉਦਘਾਟਨ ਸਮਾਰੋਹ ਵਿੱਚ ਭਾਗ ਲਿਆ।  ਇਸ ਸਮਾਰੋਹ ਦੇ ਦੌਰਾਨ ਪ੍ਰਧਾਨ ਮੰਤਰੀ ਨੂੰ ਕੁਵੈਤ ਦੀ ਲੀਡਰਸ਼ਿਪ ਦੇ ਨਾਲ ਗ਼ੈਰਰਸਮੀ ਗੱਲਬਾਤ ਕਰਨ ਦਾ ਮੌਕਾ ਮਿਲਿਆ।

2. ਕੁਵੈਤ GCC ਦੇਸ਼ਾਂ, ਇਰਾਕ ਅਤੇ ਯਮਨ ਸਮੇਤ, ਅੱਠ ਦੇਸ਼ਾਂ ਦੀ ਭਾਗੀਦਾਰੀ ਵਾਲੇ ਦੋ-ਸਾਲਾ ਅਰੇਬੀਅਨ ਗਲਫ ਕੱਪ ਦੀ ਮੇਜ਼ਬਾਨੀ ਕਰ ਰਿਹਾ ਹੈ। ਇਹ ਫੁਟਬਾਲ ਟੂਰਨਾਮੈਂਟ ਇਸ ਖੇਤਰ ਦੇ ਸਭ ਤੋਂ ਪ੍ਰਮੁੱਖ ਖੇਡ ਆਯੋਜਨਾਂ ਵਿੱਚੋਂ ਇੱਕ ਹੈ। ਹਿੱਸਾ ਲੈਣ ਵਾਲੇ ਦੇਸ਼ਾਂ ਵਿੱਚ ਕੁਵੈਤ ਨੇ ਸਭ ਤੋਂ ਵੱਧ ਵਾਰ ਇਹ ਟੂਰਨਾਮੈਂਟ ਜਿੱਤਿਆ ਹੈ। ਪ੍ਰਧਾਨ ਮੰਤਰੀ ਮੋਦੀ ਨੇ ਸਾਰੇ ਭਾਗੀਦਾਰ ਦੇਸ਼ਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਕੁਵੈਤ ਸਿਟੀ

21 ਦਸੰਬਰ, 2024